**TODAY'S HUKAMNAMA FROM SRI DARBAR SAHIB**
**Sri Amritsar.**

**[June 4, 2013, Tuesday 04:30 AM. IST]**

## ਵਡਹੰਸੁ ਮਹਲਾ ੧ ਘਰੁ ੨ ॥

ਮੋਰੀ ਰੁਣ ਝੁਣ ਲਾਇਆ ਭੈਣੇ ਸਾਵਣੁ ਆਇਆ ॥ ਤੇਰੇ ਮੁੰਧ ਕਟਾਰੇ ਜੇਵਡਾ ਤਿਨਿ ਲੋਭੀ ਲੋਭ ਲੁਭਾਇਆ ॥ ਤੇਰੇ ਦਰਸਨ ਵਿਟਹੁ ਖੰਨੀਐ ਵੰਞਾ ਤੇਰੇ ਨਾਮ ਵਿਟਹੁ ਕੁਰਬਾਣੋ ॥ ਜਾ ਤੂ ਤਾ ਮੈ ਮਾਣੁ ਕੀਆ ਹੈ ਤੁਧੁ ਬਿਨੁ ਕੇਹਾ ਮੇਰਾ ਮਾਣੋ ॥ ਚੂੜਾ ਭੰਨੁ ਪਲੰਘ ਸਿਉ ਮੁੰਧੇ ਸਣੁ ਬਾਹੀ ਸਣੁ ਬਾਹਾ ॥ ਏਤੇ ਵੇਸ ਕਰੇਦੀਏ ਮੁੰਧੇ ਸਹੁ ਰਾਤੋ ਅਵਰਾਹਾ ॥ ਨਾ ਮਨੀਆਰੁ ਨ ਚੂੜੀਆ ਨਾ ਸੇ ਵੰਗੁੜੀਆਹਾ ॥ ਜੋ ਸਹ ਕੰਠਿ ਨ ਲਗੀਆ ਜਲਨੁ ਸੇ ਬਾਹੜੀਆਹਾ ॥ ਸਭਿ ਸਹੀਆ ਸਹੁ ਰਾਵਣਿ ਗਈਆ ਹਉ ਦਾਧੀ ਕੈ ਦਰਿ ਜਾਵਾ ॥ ਅੰਮਾਲੀ ਹਉ ਖਰੀ ਸੁਚਜੀ ਤੈ ਸਹ ਏਕਿ ਨ ਭਾਵਾ ॥ ਮਾਠਿ ਗੁੰਦਾਈਂ ਪਟੀਆ ਭਰੀਐ ਮਾਗ ਸੰਧੂਰੇ ॥ ਅਗੈ ਗਈ ਨ ਮੰਨੀਆ ਮਰਉ ਵਿਸੂਰਿ ਵਿਸੂਰੇ ॥ ਮੈ ਰੋਵੰਦੀ ਸਭੁ ਜਗੁ ਰੁਨਾ ਰੁੰਨੜੇ ਵਣਹੁ ਪੰਖੇਰੂ ॥ ਇਕੁ ਨ ਰੁਨਾ ਮੇਰੇ ਤਨ ਕਾ ਬਿਰਹਾ ਜਿਨਿ ਹਉ ਪਿਰਹੁ ਵਿਛੋੜੀ ॥ ਸੁਪਨੈ ਆਇਆ ਭੀ ਗਇਆ ਮੈ ਜਲੁ ਭਰਿਆ ਰੋਇ ॥ ਆਇ ਨ ਸਕਾ ਤੁਝ ਕਨਿ ਪਿਆਰੇ ਭੇਜਿ ਨ ਸਕਾ ਕੋਇ ॥ ਆਉ ਸਭਾਗੀ ਨੀਦੜੀਏ ਮਤੁ ਸਹੁ ਦੇਖਾ ਸੋਇ ॥ ਤੈ ਸਾਹਿਬ ਕੀ ਬਾਤ ਜਿ ਆਖੈ ਕਹੁ ਨਾਨਕ ਕਿਆ ਦੀਜੈ ॥ ਸੀਸੁ ਵਢੇ ਕਰਿ ਬੈਸਣੁ ਦੀਜੈ ਵਿਣੁ ਸਿਰ ਸੇਵ ਕਰੀਜੈ ॥ ਕਿਉ ਨ ਮਰੀਜੈ ਜੀਅੜਾ ਨ ਦੀਜੈ ਜਾ ਸਹੁ ਭਇਆ ਵਿਡਾਣਾ ॥੧॥੩॥

ਮੰਗਲਵਾਰ, ੨੨ ਜੇਠ (ਸੰਮਤ ੫੪੫ ਨਾਨਕਸ਼ਾਹੀ) ੪ ਜੂਨ, ੨੦੧੩
(ਅੰਗ: ੫੫੭)

ਇਸ ਲੰਮੇ ਛੰਤ ਸ਼ਬਦ ਵਿਚ ਸਤਿਗੁਰਾਂ ਨੇ ਆਪਣੇ ਪਤੀ ਪਾਸੋਂ ਵਿਛੜੀ ਹੋਈ ਇਕ ਬਿਰਹਣੀ ਦੇ ਰੂਪ ਵਿਚ ਪ੍ਰਭੂ ਪਾਸੋਂ ਵਿਛੂੜੀ ਜੀਵ ਆਤਮਾ ਦੀ ਪੁਕਾਰ ਦਾ ਬੜਾ ਹਿਰਦੇ ਵੇਧਕ ਵਰਣਨ ਕੀਤਾ ਹੈ ।ਸੰਸਾਰ ਦੇ ਸਾਰੇ ਸੁਖ ਸਹੂਲਤਾਂ ਹੁੰਦਿਆ ਹੋਇਆਂਵੀ ਪ੍ਰਮੇਸ਼ਰ ਤਂ ਵਿਛੜੇ ਜੀਵ ਨੂੰ ਸੱਚਾ ਸਕ  ਨਹੀਂ ਮਿਲਦਾ । ਪਰੰਤੂ ਜੇਕਰ ਉਸਨੂੰ ਪਰਮੇਸ਼ਰ ਤੋਂ ਵਿਛੁੜੇ ਹੋਣ ਦਾ ਅਹਿਸਾਸ ਹੋ ਜਾਵੇ ਤੇ ਬਿਰਹੋਂ ਦੀ ਤੜਪ ਉਸਦੇ ਹਿਰਦੇ ਵਿਚ ਜਾਗ ਪਵੇ ਤਾਂ ਵੀ ਉਸਦੇ ਮਿਲਣ ਦੀ ਆਸ ਜਾਗ ਪੈਂਦੀ ਹੈ ਤੇ ਉਹ ਮਿਲਣ ਲਈ ਸਤਿਸੰਗ ਵਿਚ ਜੁੜ ਬੈਠਦਾ ਹੈ  ।

**(Page:  557)**